# Press Release on Arrival of Prime Minister to Dhaka

March 26, 2021

---

# ਪ੍ਰਧਾਨ ਮੰਤਰੀ ਢਾਕਾ ਪਹੁੰਚੇ

26 ਮਾਰਚ, 2021

ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੇ ਸੱਦੇ 'ਤੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਬੰਗਲਾਦੇਸ਼ ਦੇ ਆਪਣੇ ਦੌਰੇ 'ਤੇ ਢਾਕਾ ਪਹੁੰਚ ਗਏ ਹਨ। ਪ੍ਰਧਾਨ ਮੰਤਰੀ ਦੀ ਇਹ ਇਤਿਹਾਸਿਕ ਯਾਤਰਾ ਮੁਜੀਬ ਬੋਰਸੋ – ਬੰਗਬੰਧੂ ਸ਼ੇਖ ਮੁਜੀਬੁਰ ਰਹਿਮਾਨ ਦੀ ਜਨਮ ਸ਼ਤਾਬਦੀ, ਭਾਰਤ ਅਤੇ ਬੰਗਲਾਦੇਸ਼ ਦੇ ਦਰਮਿਆਨ ਕੂਟਨੀਤਕ ਸਬੰਧਾਂ ਦੇ ਸਥਾਪਿਤ ਹੋਣ ਦੇ **50** ਸਾਲ ਪੂਰੇ ਹੋਣ ਅਤੇ ਬੰਗਲਾਦੇਸ਼ ਮੁਕਤੀ ਸੰਗ੍ਰਾਮ ਦੇ **50** ਸਾਲ ਪੂਰੇ ਹੋਣ ਨਾਲ ਸਬੰਧਿਤ ਹੈ।

ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਉਨ੍ਹਾਂ ਦੇ ਮੰਤਰੀ ਮੰਡਲ ਦੇ ਸਹਿਯੋਗੀਆਂ ਨੇ ਹਜ਼ਰਤ ਸ਼ਾਹ ਜਲਾਲ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਸ਼੍ਰੀ ਮੋਦੀ ਦਾ ਸੁਆਗਤ ਕੀਤਾ।

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਸਨਮਾਨ ਵਿੱਚ **19** ਤੋਪਾਂ ਦੀ ਸਲਾਮੀ ਅਤੇ ਗਾਰਡ ਆਵ੍ ਆਨਰ ਦਿੱਤੇ ਗਏ।

ਢਾਕਾ

26 ਮਾਰਚ, 2021

DISCLAIMER: This is an approximate translation. The original is available in English on MEA's website and may be referred to as the official press release.